E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥ ਟੈਲੀਫੋਨ 2553957 2553958 2553959

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੦੧ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਗੁਰਮਤਿ ਸੰਗੀਤ ਦੇ ਉਸਤਾਦ ਪ੍ਰੋਫੈਸਰ ਕਰਤਾਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਪ੍ਰੋਫੈਸਰ ਕਰਤਾਰ ਸਿੰਘ ਜੀ ਨੇ ਪੁਰਾਤਨ ਕੀਰਤਨ ਸ਼ੈਲੀ ਵਿਚ ਹਜ਼ਾਰਾਂ ਰਾਗੀ ਜਥਿਆਂ ਨੂੰ ਕੀਰਤਨ ਦੀ ਸਿਖਲਾਈ ਦੇਣ ਵਿਚ ਵੱਡੀਆਂ ਸੇਵਾਵਾਂ ਨਿਭਾਈਆਂ। ਉਨ੍ਹਾਂ ਨੇ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਦਿਆਰਥੀਆਂ ਨੂੰ ਤੰਤੀ ਸਾਜ਼ਾਂ ਵਿੱਚ ਕੀਰਤਨ ਕਰਨ ਵਿਚ ਨਿਪੁੰਨ ਕੀਤਾ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖ਼ਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਮਤਿ ਸੰਗੀਤ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਪ੍ਰੋਫੈਸਰ ਸਾਹਿਬ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23987 ਮਿਤੀ 31-3 -2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤ ਪਾਸ ਇਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੦੨ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਦੇ ਮੁੱਖ ਗ੍ਰੰਥੀ ਗਿਆਨੀ ਰਜਿੰਦਰ ਸਿੰਘ ਜੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਗਿਆਨੀ ਰਜਿੰਦਰ ਸਿੰਘ ਜੀ ਨੇ ਤਖਤ ਪਟਨਾ ਸਾਹਿਬ ਵਿਖੇ ਲੰਮਾਂ ਸਮਾਂ ਸੇਵਾਵਾਂ ਨਿਭਾਈਆਂ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਗਿਆਨੀ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 33988

ਮਿਤੀ 31-3-2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥ ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੦੩ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਉੱਘੇ ਸਿੱਖ ਡਾਕਟਰ ਹਰਦਾਸ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਡਾਕਟਰ ਹਰਦਾਸ ਸਿੰਘ ਜੀ ਨੇ ਸਿਹਤ ਸੇਵਾਵਾਂ ਦੇ ਖੇਤਰ ਵਿਚ ਵੱਡਾ ਯੋਗਦਾਨ ਪਾਇਆ। ਡਾਕਟਰ ਸਾਹਿਬ ਨੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ ਦੇ ਮੈਂਬਰ ਵਜੋਂ ਲੰਮਾਂ ਸਮਾਂ ਸੇਵਾ ਨਿਭਾਈ। ਉਨ੍ਹਾਂ ਨੇ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੀਆਂ ਮੈਡੀਕਲ ਸੇਵਾਵਾਂ ਨੂੰ ਬਿਹਤਰ ਦਿਸ਼ਾ ਦੇਣ ਲਈ ਬਹੁਤ ਯੋਗਦਾਨ ਪਾਇਆ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਮੈਡੀਕਲ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਡਾਕਟਰ ਸਾਹਿਬ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23989

ਮਿਤੀ 31-3-2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥ ਟੈਲੀਫੋਨ 2553957 2553958 2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੦੪ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਬਾਬਾ ਮਨਜੀਤ ਸਿੰਘ ਜੀ ਹਰਖੋਵਾਲ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਵਾਲਿਆਂ ਤੋਂ ਵਰਸਾਏ ਬਾਬਾ ਮਨਜੀਤ ਸਿੰਘ ਜੀ ਹਰਖੋਵਾਲ ਵਾਲੇ ਸਿੱਖੀ ਪ੍ਰਚਾਰ ਲਈ ਨਿਰੰਤਰ ਤੱਤਪਰ ਸਨ। ਉਨ੍ਹਾਂ ਨੇ ਵੱਡੀ ਗਿਣਤੀ ਵਿਚ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਬਾਬਾ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 33990

ਮਿਤੀ 31-3-2022

ਉਤਾਰਾ:-

1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

☬ E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੦੫ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਸ੍ਰ. ਹਰਿੰਦਰ ਸਿੰਘ ਰਣੀਆਂ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਨਸਾਰ ਸਖ਼ਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਸ੍ਰ. ਹਰਿੰਦਰ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23791

ਮਿਤੀ 31-3 -2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ (                ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੦੬ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਹਰਬੰਸ ਸਿੰਘ ਜੀ ਘੁੰਮਣ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਅਤੇ ਸਾਬਕਾ ਐਮ.ਐਲ.ਏ. ਪੰਜਾਬ ਵਿਧਾਨ ਸਭਾ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ। ਸ੍ਰ. ਹਰਬੰਸ ਸਿੰਘ ਘੁੰਮਣ ਦਾ 1947 ਦੀ ਭਾਰਤ-ਪਾਕਿਸਤਾਨ ਦੀ ਵੰਡ ਸਮੇਂ ਜਿਲ੍ਹਾ ਗੁਰਦਾਸਪੁਰ ਨੂੰ ਭਾਰਤ ਵਿੱਚ ਸ਼ਾਮਿਲ ਕਰਵਾਉਣ ਵਿੱਚ ਬਹੁਤ ਵੱਡਾ ਯੋਗਦਾਨ ਸੀ। ਇਸ ਤੋਂ ਇਲਾਵਾ ਉਨ੍ਹਾਂ ਨੇ 1984 ਵਿੱਚ ਜੋਧਪੁਰ ਜੇਲ੍ਹ ਦੇ ਨਜ਼ਰਬੰਦਾਂ ਦੀਆਂ ਮੁਲਾਕਾਤਾਂ, ਕੇਸਾਂ ਦੀ ਪੈਰਵਾਈ ਅਤੇ ਰਿਹਾਈ ਵਾਸਤੇ ਬਹੁਤ ਹੀ ਅਹਿਮ ਭੂਮਿਕਾ ਨਿਭਾਈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਹਰਬੰਸ ਸਿੰਘ ਜੀ ਘੁੰਮਣ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23992

ਮਿਤੀ 31-3 -2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ਓ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੦੭ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਪ੍ਰਿੰਸੀਪਲ ਭਗਵੰਤ ਸਿੰਘ ਜੀ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਪ੍ਰਿੰਸੀਪਲ ਭਗਵੰਤ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23993

ਮਿਤੀ 31-3 -2022

ਉਤਾਰਾ:-

1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੦੮ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਸ੍ਰ. ਸੁਖਵਿੰਦਰ ਸਿੰਘ ਜੀ ਝਬਾਲ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਸ੍ਰ. ਸੁਖਵਿੰਦਰ ਸਿੰਘ ਜੀ ਝਬਾਲ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23994

ਮਿਤੀ 31-3-2022

ਉਤਾਰਾ:-
1. ਪੀ.ਐਸ.ਟੂ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੦੯ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਬਾਬਾ ਇਕਬਾਲ ਸਿੰਘ ਜੀ ਬੜੂ ਸਾਹਿਬ ਵਾਲਿਆਂ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ।ਬਾਬਾ ਇਕਬਾਲ ਸਿੰਘ ਜੀ ਬੜੂ ਸਾਹਿਬ ਸਿੱਖੀ ਪ੍ਰਚਾਰ ਲਈ ਨਿਰੰਤਰ ਤੱਤਪਰ ਸਨ। ਉਨ੍ਹਾਂ ਨੇ ਵੱਡੀ ਗਿਣਤੀ ਵਿਚ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਵਿੱਦਿਆ ਦੇ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਬਾਬਾ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

**ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23195

ਮਿਤੀ 31-3 -2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੦ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਚੌਰ-ਬਰਦਾਰ ਭਾਈ ਰਜਿੰਦਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਭਾਈ ਰਜਿੰਦਰ ਸਿੰਘ ਬੇਹੱਦ ਨੇਕ-ਦਿਲ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਆਪਣਾ ਜੀਵਨ ਗੁਰੂ ਸਾਹਿਬ ਨੂੰ ਸਮਰਪਿਤ ਹੁੰਦਿਆਂ ਜੀਵਿਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਭਾਈ ਰਜਿੰਦਰ ਸਿੰਘ ਵੱਲੋਂ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਦਰ 'ਤੇ ਅਰਦਾਸ ਕਰਦਾ ਹੈ ਕਿ ਉਹ ਵਿਛੜੀ ਆਤਮਾ ਨੂੰ ਆਪਣੇ ਚਰਨਾਂ 'ਚ ਨਿਵਾਸ ਬਖ਼ਸ਼ਣ ਅਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

### ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93996 ਮਿਤੀ -2022

ਉਤਾਰਾ:-

1. ੳ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੧ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਇਜਲਾਸ ਸ੍ਰ. ਨਿਰਮਲ ਸਿੰਘ ਠੇਕੇਦਾਰ ਪ੍ਰਧਾਨ, ਚੀਫ ਖਾਲਸਾ ਦੀਵਾਨ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣਾ ਕਰ ਜਾਣ ਪ੍ਰਥ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਸ੍ਰ. ਨਿਰਮਲ ਸਿੰਘ ਜੀ ਠੇਕੇਦਾਰ ਸਿੱਖੀ ਪ੍ਰਚਾਰ ਲਈ ਨਿਰੰਤਰ ਤੱਤਪਰ ਸਨ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਵਿੱਦਿਆ ਦੇ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਇਹ ਜਨਰਲ ਸ੍ਰ. ਨਿਰਮਲ ਸਿੰਘ ਠੇਕੇਦਾਰ ਪ੍ਰਧਾਨ, ਚੀਫ ਖਾਲਸਾ ਦੀਵਾਨ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20137

ਮਿਤੀ 16-4-2022

ਉਤਾਰਾ:-

1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਸਬੰਧਤਾ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫਤਹਿ॥ ਟੈਲੀਫੋਨ 2553957 2553958 2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੨ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਜਨਰਲ ਇਕੱਤਰਤਾ (**ਜਨਰਲ ਹਾਊਸ**) **14 ਮੱਘਰ ਸੰਮਤ ਨਾਨਕਸ਼ਾਹੀ 553, ਮੁਤਾਬਿਕ 29 ਨਵੰਬਰ 2021** ਦੀ ਕਰਵਾਈ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਤ ਕੀਤੇ ਜਾਂਦੇ ਮਾਸਿਕ ਪੱਤਰ **ਗੁਰਦੁਆਰਾ ਗਜ਼ਟ** ਦੇ ਅੰਕ ਮਹੀਨਾ **ਦਸੰਬਰ 2021** ਵਿਚ ਛਾਪ ਕੇ ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਭੇਜੀ ਜਾ ਚੁੱਕੀ ਹੈ ਦੀ ਪੁਸ਼ਟੀ **ਲਈ ਪੇਸ਼ ਹੋਣ ਤੇ ਹਵਾਲੇ ਵਾਲੀ ਕਾਰਵਾਈ ਦੇ ਦੁਰੱਸਤ ਲਿਖਿਆਂ ਦੀ ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਰਬ ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ। ਉਪਰੰਤ ਕਾਰਵਾਈ ਕੰਨਫਰਮ ਕਰਦਿਆਂ ਪ੍ਰਧਾਨ ਸਾਹਿਬ, ਸ਼੍ਰੋਮਣੀ ਗੁ:ਪ੍ਰ:ਕਮੇਟੀ,ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤਸਦੀਕੀ ਦਸਤਖਤ ਕਰਵਾਏ ਗਏ।**

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20143 ਮਿਤੀ 16-4 -2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਕਾਰਵਾਈ ਕਲਰਕ, ਟਰੱਸਟ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੩ ਦੀ ਨਕਲ:-

ਪਿਛਲੇ ਕੁਝ ਸਮੇਂ ਤੋਂ ਇਹ ਧਿਆਨ ਵਿਚ ਆਇਆ ਹੈ ਕਿ ਗੁਰਬਾਣੀ ਦੀ ਪਾਠਗਤ ਸੁਧਾਈ ਅਤੇ ਉਚਾਰਨ ਦੀ ਸ਼ੁਧਤਾ ਦੇ ਨਾਂ ਹੇਠ ਗੁਰਬਾਣੀ ਦੇ ਮੂਲ ਪਾਠ ਨਾਲ ਛੇੜ-ਛਾੜ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਕੀਤੀ ਜਾ ਰਹੀ ਹੈ। ਇਹ ਗੁਰਬਾਣੀ ਭਾਸ਼ਾ, ਵਿਆਕਰਨ, ਲਿਖਤ ਦੇ ਅਦਬ, ਸਿੱਖ ਧਰਮ, ਸਿੱਖ ਮਰਯਾਦਾ ਤੇ ਪਰੰਪਰਾ ਦੇ ਵਿਰੁੱਧ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸਮੂਹ ਖਾਲਸਾ ਪੰਥ, ਗੁਰੂ ਨਾਨਕ ਨਾਮ ਲੇਵਾ ਸੰਗਤਾਂ, ਸਮੂਹ ਸਿੱਖ ਸੰਸਥਾਵਾਂ ਅਤੇ ਸੰਗਠਨਾਂ ਦੇ ਧਿਆਨ ਵਿਚ ਲਿਆਉਂਦਾ ਹੋਇਆ ਜਿਥੇ ਇਸ ਅਗਿਆਨ ਭਰੀਆਂ ਘਿਨਾਉਣੀਆਂ ਹਰਕਤਾਂ ਦੀ ਘੋਰ ਨਿੰਦਾ ਕਰਦਾ ਹੈ, ਉਥੇ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਇਹ ਪੁਰਜ਼ੋਰ ਅਪੀਲ ਕਰਦਾ ਹੈ ਕਿ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ ਬੁਲਾ ਕੇ ਇਸ ਬਾਰੇ ਤੁਰੰਤ ਆਦੇਸ਼ ਜਾਰੀ ਕਰਕੇ ਸਖ਼ਤ ਤਾੜਨਾ ਕਰਨ ਕਿ ਕੋਈ ਵੀ ਵਿਅਕਤੀ, ਸੰਗਠਨ ਜਾਂ ਸੰਸਥਾ ਗੁਰਬਾਣੀ ਦੀ ਪਾਠਗਤ ਸੁਧਾਈ ਅਤੇ ਸ਼ੁੱਧ ਉਚਾਰਨ ਦੇ ਨਾਂ ਹੇਠ ਛਪਾਈ ਜਾਂ ਡਿਜੀਟਲ ਸੰਸਕਰਣ ਤਿਆਰ ਕਰਨ ਦਾ ਹੀਆ ਨਾ ਕਰੇ। ਜੇਕਰ ਕੋਈ ਅਜਿਹਾ ਕਰਦਾ ਹੈ ਤਾਂ ਉਸ ਵਿਰੁੱਧ ਪੰਥਕ ਰਵਾਇਤਾਂ ਮੁਤਾਬਿਕ ਕਾਰਵਾਈ ਕੀਤੀ ਜਾਵੇਗੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਜਨਰਲ ਇਜਲਾਸ ਇਹ ਦ੍ਰਿੜ੍ਹ ਕਰਵਾਉਣਾ ਵੀ ਅਤੀ ਜ਼ਰੂਰੀ ਸਮਝਦਾ ਹੈ ਕਿ ਸਮੂਹ ਖ਼ਾਲਸਾ ਪੰਥ, ਗੁਰੂ ਨਾਨਕ ਨਾਮ-ਲੇਵਾ ਸੰਗਤਾਂ ਲਈ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਪਾਤਸ਼ਾਹ ਜੀ ਵੱਲੋਂ ਸੰਪਾਦਿਤ ਕੀਤੀ ਗੁਰਬਾਣੀ ਅਤੇ ਬਾਅਦ ਵਿਚ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਨੌਵੇਂ ਮਹਲੇ ਦੀ ਸ਼ਾਮਿਲ ਕੀਤੀ ਬਾਣੀ ਹੀ ਅੰਤਿਮ, ਅਸਲ ਤੇ ਸਰਬਦਾ ਸ਼ੁੱਧ ਹੈ।

ਇਹ ਜਨਰਲ ਇਜਲਾਸ ਇਹ ਵੀ ਮਹਿਸੂਸ ਕਰਦਾ ਹੈ ਕਿ ਅੱਜ ਬਹੁਤ ਸਾਰੀਆਂ ਮੋਬਾਇਲ ਐਪਸ ਅਤੇ ਵੈੱਬਸਾਈਟਾਂ ਮੌਜੂਦ ਹਨ, ਜਿਨ੍ਹਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਪੀ.ਡੀ.ਐਫ ਅਤੇ ਹੋਰ ਵੱਖ-ਵੱਖ ਰੂਪਾਂ ਵਿਚ ਅਪਲੋਡ ਕੀਤਾ ਹੋਇਆ ਹੈ। ਇਹ ਲੋਕ ਗੁਰਬਾਣੀ ਦੀ ਪ੍ਰਮਾਣਿਕਤਾ ਨੂੰ ਦੇਖੇ ਪਰਖੇ ਬਿਨਾਂ ਹੀ ਵੈੱਬਸਾਈਟਾਂ ਅਤੇ ਐਪਸ 'ਤੇ ਅਪਲੋਡ ਕਰਕੇ ਸੰਗਤ ਤੱਕ ਪਹੁੰਚਾ ਰਹੇ ਹਨ। ਇਸ ਵਰਤਾਰੇ 'ਤੇ ਰੋਕ ਲੱਗਣੀ ਜ਼ਰੂਰੀ ਹੈ। ਜਨਰਲ ਇਜਲਾਸ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਸਤਿਕਾਰ ਸਹਿਤ ਇਹ ਅਪੀਲ ਵੀ ਕਰਦਾ ਹੈ ਕਿ ਇਸ ਸਬੰਧ ਵਿਚ ਵਿਚਾਰ-ਵਟਾਂਦਰੇ ਉਪਰੰਤ ਲੋੜੀਂਦੇ ਨਿਰਦੇਸ਼ ਜਾਰੀ ਕਰਨ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੩੦੧੪੨ ਮਿਤੀ 16-4-2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ (                ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਸਕੱਤਰੇਤ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।
4. ਇੰਚਾਰਜ ਜੀ ਗੁਰਦੁਆਰਾ ਗਜਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਜਿਆਤ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

(ਮੁਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੪ ਦੀ ਨਕਲ:-

ਗੁਰਮੁਖੀ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰ ਗੁਰਬਾਣੀ ਦੀ ਲਿਪੀ ਹੈ। ਗੁਰੂ ਸਾਹਿਬਾਨ, ਭਗਤ ਸਾਹਿਬਾਨ, ਭੱਟ ਸਾਹਿਬਾਨ ਅਤੇ ਹਜ਼ੂਰੀ ਸਿੱਖਾਂ ਵੱਲੋਂ ਉਚਾਰੀ ਗਈ ਇਲਾਹੀ ਗੁਰਬਾਣੀ, ਗੁਰਮੁਖੀ ਵਿਚ ਲਿਖੀ ਹੋਈ ਹੈ। ਗੁਰੂ ਕਾਲ ਤੋਂ ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ), ਸ੍ਰੀ ਖਡੂਰ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਪਾਉਂਟਾ ਸਾਹਿਬ, ਸ੍ਰੀ ਦਮਦਮਾ ਸਾਹਿਬ, ਸ੍ਰੀ ਪਟਨਾ ਸਾਹਿਬ, ਸ੍ਰੀ ਹਜ਼ੂਰ ਸਾਹਿਬ ਆਦਿ ਤੋਂ ਇਲਾਵਾ ਉਦਾਸੀਆਂ, ਨਿਰਮਲਿਆਂ, ਸੇਵਾ-ਪੰਥੀਆਂ, ਨਿਹੰਗ ਸਿੰਘਾਂ, ਦਮਦਮੀ ਟਕਸਾਲ ਸਮੇਤ ਵੱਖ-ਵੱਖ ਸੰਪਰਦਾਵਾਂ, ਸਿੱਖ ਮਿਸ਼ਨਰੀ ਸੰਸਥਾਵਾਂ ਅਤੇ ਜਥੇਬੰਦੀਆਂ, ਗੁਰਮੁਖੀ ਸਿਖਣ-ਸਿਖਾਉਣ ਦੇ ਮਹਾਨ ਕਾਰਜ ਲਈ ਸਮਰਪਿਤ ਰਹੀਆਂ ਹਨ। ਸਮੇਂ ਨਾਲ ਆਧੁਨਿਕ ਸਿੱਖਿਆ ਪ੍ਰਣਾਲੀ ਦੇ ਪ੍ਰਭਾਵ ਅਧੀਨ ਸ਼ੁਰੂ ਹੋਏ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਦੇ ਪ੍ਰਚਲਨ ਅਤੇ ਸਾਡੇ ਅਵੇਸਲੇਪਣੇ ਸਦਕਾ ਗੁਰਮੁਖੀ ਸਿਖਣ-ਸਿਖਾਉਣ ਦੀ ਅਮੀਰ ਪ੍ਰੰਪਰਾ ਮੱਧਮ ਪੈਂਦੀ ਜਾ ਰਹੀ ਹੈ, ਜਿਸ ਨੂੰ ਮੁੜ ਸੁਰਜੀਤ ਕਰਕੇ ਪ੍ਰਚੰਡ ਕਰਨ ਦੀ ਲੋੜ ਹੈ।

ਪੰਥ ਦੀ ਨੁਮਾਇੰਦਾ ਜਮਾਤ ਹੋਣ ਦੇ ਨਾਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਆਪਣੇ ਧਾਰਮਿਕ ਤੇ ਨੈਤਿਕ ਫ਼ਰਜ਼ ਨੂੰ ਪਛਾਣਦਿਆਂ ਸ਼ਿੱਦਤ ਨਾਲ ਮਹਿਸੂਸ ਕਰਦਾ ਹੈ ਕਿ ਗੁਰਮੁਖੀ ਦੇ ਵਿਕਾਸ ਲਈ ਨਿਰੰਤਰ ਵਿਉਂਤਬਧ ਉਪਰਾਲੇ ਕੀਤੇ ਜਾਣ ਦੀ ਲੋੜ ਹੈ। ਇਸ ਵਰਤਾਰੇ ਦੇ ਮੱਦੇਨਜ਼ਰ ਜਨਰਲ ਇਜਲਾਸ ਫੈਸਲਾ ਕਰਦਾ ਹੈ ਕਿ ਸਮੁੱਚਾ ਪੰਥ, ਹਰੇਕ ਵਰ੍ਹੇ ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਿਆਈ ਦਿਵਸ ਨੂੰ 'ਗੁਰਮੁਖੀ ਦਿਵਸ' ਵਜੋਂ ਮਨਾਇਆ ਕਰੇਗਾ। ਇਸ ਦਿਹਾੜੇ 'ਤੇ ਪੰਜਾਬ ਅਤੇ ਦੇਸ਼-ਵਿਦੇਸ਼ ਦੀਆਂ ਸਿੱਖ ਸੰਗਤਾਂ, ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ, ਸਿੱਖ ਸੰਗਠਨ ਅਤੇ ਜਥੇਬੰਦੀਆਂ ਆਪਣੇ-ਆਪਣੇ ਪੱਧਰ 'ਤੇ ਲੋੜਵੰਦ/ਚਾਹਵਾਨ ਬੱਚਿਆਂ ਅਤੇ ਜਗਿਆਸੂਆਂ ਨੂੰ ਗੁਰਮੁਖੀ ਸਿਖਾਉਣ ਦੇ ਯੋਗ ਪ੍ਰਬੰਧ ਕਰਨਗੀਆਂ। ਇਤਿਹਾਸਕ ਗੁਰਦੁਆਰਾ ਸਾਹਿਬਾਨ ਅਤੇ ਵਿਦਿਅਕ ਅਦਾਰਿਆਂ ਵਿਚ ਗੁਰਮੁਖੀ ਪ੍ਰਤੀ ਪ੍ਰੇਰਿਤ ਕਰਨ ਵਾਲੇ ਗੁਰਮੁਖੀ ਪੈਂਤੀ ਅਤੇ ਮੁਹਾਰਨੀ ਦੇ ਵੱਡੇ-ਵੱਡੇ ਪੱਕੇ ਬੋਰਡ ਲਾਉਣ ਦਾ ਪ੍ਰਬੰਧ ਕੀਤਾ ਜਾਵੇਗਾ। ਗੁਰਮੁਖੀ ਦੇ ਪ੍ਰਸਾਰ ਸਬੰਧੀ ਹੋਰ ਜੋ ਵੀ ਸੰਭਵ ਹੋਇਆ, ਉਹ ਕੀਤਾ ਜਾਵੇਗਾ।

---

ਦਫ਼ਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20140

ਮਿਤੀ 15-4 -2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ, ਮਤਾਬਣੀਆਂ ਬ੍ਰਾਂਚ, ਧਰਮ ਪ੍ਰਚਾਰ ਕਮੇਟੀ-ਪਾਸ ਅਗਲੇਰੀ ਕਾਰਵਾਈ ਹਿੱਤ।
6. ਇੰਚਾਰਜ ਜੀ, ਸੈਕਸ਼ਨ-85, ਸ਼੍ਰੋਮਣੀ ਗੁ:ਪ੍ਰ:ਕਮੇਟੀ- ਪਾਸ ਅਗਲੇਰੀ ਕਾਰਵਾਈ ਹਿੱਤ।
7. ਇੰਚਾਰਜ ਜੀ (ਵਿੱਦਿਆ ਡਾਇ), ਸ਼੍ਰੋਮਣੀ ਗੁ:ਪ੍ਰ:ਕਮੇਟੀ- ਪਾਸ ਅਗਲੇਰੀ ਕਾਰਵਾਈ ਹਿੱਤ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੫ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸ੍ਰੀ ਅੰਮ੍ਰਿਤਸਰ ਸਥਿਤ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਵੱਖ-ਵੱਖ ਦੇਸ਼ਾਂ ਨੂੰ ਸਿੱਧੀਆਂ ਹਵਾਈ ਉਡਾਣਾਂ ਸ਼ੁਰੂ ਕਰਨ ਦੀ ਪੁਰਜ਼ੋਰ ਮੰਗ ਕਰਦਾ ਹੈ। ਜਨਰਲ ਇਜਲਾਸ ਮਹਿਸੂਸ ਕਰਦਾ ਹੈ ਕਿ ਮੌਜੂਦਾ ਸਮੇਂ 50 ਲੱਖ ਦੇ ਕਰੀਬ ਸਿੱਖ ਵੱਖ ਵੱਖ ਦੇਸ਼ਾਂ ਵਿਚ ਰਹਿ ਰਹੇ ਹਨ, ਜਿਨ੍ਹਾਂ ਨੂੰ ਆਪਣੀ ਮਾਂ ਭੂਮੀ 'ਤੇ ਆਉਣ ਸਮੇਂ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੁੱਖ ਦੀ ਗੱਲ ਹੈ ਕਿ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਵਸਾਏ ਪਵਿੱਤਰ ਸ਼ਹਿਰ ਸ੍ਰੀ ਅੰਮ੍ਰਿਤਸਰ ਵਿਖੇ ਚੌਥੇ ਪਾਤਸ਼ਾਹ ਜੀ ਦੇ ਨਾਂ 'ਤੇ ਅੰਤਰਰਾਸ਼ਟਰੀ ਹਵਾਈ ਅੱਡਾ ਮੌਜੂਦ ਹੋਣ ਦੇ ਬਾਵਜੂਦ ਵੀ ਇਸ ਨੂੰ ਵਿਕਸਿਤ ਕਰਨ ਤੋਂ ਟਾਲਾ ਵੱਟਿਆ ਜਾ ਰਿਹਾ ਹੈ। ਲੰਮੇ ਅਰਸੇ ਤੋਂ ਇਸ ਹਵਾਈ ਅੱਡੇ ਤੋਂ ਵੱਖ-ਵੱਖ ਦੇਸ਼ਾਂ ਨੂੰ ਸਿੱਧੀਆਂ ਉਡਾਣਾਂ ਦਾ ਕੋਈ ਖ਼ਾਸ ਪ੍ਰਬੰਧ ਨਹੀਂ ਕੀਤਾ ਜਾ ਰਿਹਾ। ਇਸ ਕਰਕੇ ਪੰਜਾਬੀਆਂ ਤੇ ਖ਼ਾਸਕਰ ਸਿੱਖਾਂ ਨੂੰ ਪੰਜਾਬ ਆਉਣ ਸਮੇਂ ਦਿੱਲੀ ਦੇ ਹਵਾਈ ਅੱਡੇ ਦਾ ਸਹਾਰਾ ਲੈਣਾ ਪੈਂਦਾ ਹੈ। ਇਸ ਨਾਲ ਜਿਥੇ ਦਿੱਲੀ ਤੋਂ ਪੰਜਾਬ ਤੱਕ ਪੁੱਜਣ ਲਈ ਵੱਡਾ ਵਿੱਤੀ ਬੋਝ ਪੈਂਦਾ ਹੈ, ਉਥੇ ਹੀ ਕਈ ਕਈ ਘੰਟਿਆਂ ਦੇ ਸਫ਼ਰ ਨਾਲ ਵੀ ਦੋ-ਚਾਰ ਹੋਣਾ ਪੈਂਦਾ ਹੈ।

ਅੱਜ ਦਾ ਇਹ ਜਨਰਲ ਇਜਲਾਸ ਭਾਰਤ ਸਰਕਾਰ ਪਾਸੋਂ ਮੰਗ ਕਰਦਾ ਹੈ ਕਿ ਪੰਜਾਬੀਆਂ ਨੂੰ ਆਪਣੇ ਵਤਨ ਪਰਤਨ ਸਮੇਂ ਪ੍ਰੇਸ਼ਾਨੀਆਂ ਤੋਂ ਛੁਟਕਾਰਾ ਦਵਾਉਣ ਲਈ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ ਸ੍ਰੀ ਅੰਮ੍ਰਿਤਸਰ ਤੋਂ ਅਮਰੀਕਾ, ਕੈਨੇਡਾ, ਯੂਰਪੀ ਦੇਸ਼, ਆਸਟ੍ਰੇਲੀਆ, ਨਿਊਜ਼ੀਲੈਂਡ, ਯੂਕੇ ਆਦਿ ਦੇਸ਼ਾਂ ਨੂੰ ਸਿੱਧੀਆਂ ਹਵਾਈ ਉਡਾਣਾਂ ਚਾਲੂ ਕੀਤੀਆਂ ਜਾਣ। ਇਸ ਦੇ ਨਾਲ ਹੀ ਸ੍ਰੀ ਅੰਮ੍ਰਿਤਸਰ ਤੋਂ ਸ੍ਰੀ ਪਟਨਾ ਸਾਹਿਬ ਅਤੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਲਈ ਵੀ ਰੋਜ਼ਾਨਾ ਉਡਾਣਾਂ ਦੇ ਆਉਣ-ਜਾਣ ਨੂੰ ਯਕੀਨੀ ਬਣਾਇਆ ਜਾਵੇ। ਜਨਰਲ ਇਜਲਾਸ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਨਾਗਰਿਕ ਹਵਾਬਾਜ਼ੀ ਮੰਤਰੀ ਜਯੋਤੀਰਾਦਿੱਤਿਆ ਸਿੰਧੀਆ ਨੂੰ ਇਸ ਮਾਮਲੇ ਵਿਚ ਸੰਜੀਦਾ ਪਹੁੰਚ ਅਪਨਾਉਣ ਦੀ ਅਪੀਲ ਕਰਦਾ ਹੈ।

---

## ਦਫ਼ਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20145

ਮਿਤੀ 16-4 -2022

ਉਤਾਰਾ:

1. ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸ੍ਰੀ ਜਯੋਤੀਰਾਦਿੱਤਿਆ ਸਿੰਧੀਆ ਜੀ, ਸ਼ਹਿਰੀ ਹਵਾਬਾਜ਼ੀ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਐਡੀ:ਸਕੱਤਰ ਜੀ (                ), ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ ਗੁਰਦੁਆਰਾ ਗਜ਼ਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਧਿਆਨ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹਿ॥

ਟੈਲੀਫੋਨ 2553957 2553958 2553959

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੯ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕਰਦਾ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਨੂੰ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਵਾਸਤੇ ਵੱਖ-ਵੱਖ ਰਸਤਿਆਂ ਨੂੰ ਖੁੱਲ੍ਹਾ ਕਰਕੇ ਸਿੱਖ ਵਿਰਾਸਤੀ ਦਿੱਖ ਦਿੱਤੀ ਜਾਵੇ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪੂਰੀ ਮਾਨਵਤਾ ਲਈ ਆਸਥਾ ਦਾ ਕੇਂਦਰ ਹੈ, ਪਰੰਤੂ ਇਸ ਪਵਿੱਤਰ ਅਸਥਾਨ ਨੂੰ ਆਉਂਦੇ ਰਸਤੇ ਸੰਤੁਸ਼ਟੀਜਨਕ ਨਹੀਂ ਹਨ। ਇਹ ਰਸਤੇ ਤੰਗ ਹੋਣ ਦੇ ਨਾਲ-ਨਾਲ ਦੁਕਾਨਦਾਰਾਂ ਵੱਲੋਂ ਕੀਤੇ ਆਰਜ਼ੀ ਕਬਜ਼ਿਆਂ ਕਾਰਨ ਸੰਗਤਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਕੋਤਵਾਲੀ ਤੋਂ ਘੰਟਾ ਘਰ ਤੱਕ ਰਸਤੇ ਨੂੰ ਖ਼ੂਬਸੂਰਤ ਵਿਰਾਸਤੀ ਦਿੱਖ ਦੇ ਕੇ ਤਿਆਰ ਕੀਤਾ ਗਿਆ ਸੀ। ਇਸੇ ਤਰਜ਼ 'ਤੇ ਸੁਲਤਾਨਵਿੰਡ ਗੇਟ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਅਤੇ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਵਾਲੇ ਪਾਸਿਓਂ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਤੱਕ ਰਸਤੇ ਤਿਆਰ ਕੀਤੇ ਜਾਣ। ਇਸ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਨਵੰਬਰ 2018 ਵਿਚ ਹੋਏ ਜਨਰਲ ਇਜਲਾਸ ਦੌਰਾਨ ਵੀ ਮਤਾ ਕਰਕੇ ਪੰਜਾਬ ਸਰਕਾਰ ਨੂੰ ਭੇਜਿਆ ਗਿਆ ਸੀ, ਪਰ ਸਰਕਾਰ ਵੱਲੋਂ ਇਸ 'ਤੇ ਅਜੇ ਤੀਕ ਕੋਈ ਅਮਲ ਨਹੀਂ ਕੀਤਾ ਗਿਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਪੰਜਾਬ ਸਰਕਾਰ ਨੂੰ ਮੁੜ ਅਪੀਲ ਕਰਦਾ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਇਤਿਹਾਸਕ ਮਹੱਤਤਾ ਦੇ ਮੱਦੇਨਜ਼ਰ ਇਸ ਨੂੰ ਆਉਂਦੇ ਵੱਖ-ਵੱਖ ਰਸਤਿਆਂ ਨੂੰ ਖੁੱਲ੍ਹਾ ਕੀਤਾ ਜਾਵੇ ਤੇ ਇਨ੍ਹਾਂ ਨੂੰ ਸਿੱਖ ਵਿਰਾਸਤੀ ਦਿੱਖ ਦਿੱਤੀ ਜਾਵੇ। ਜਨਰਲ ਇਜਲਾਸ ਪੰਜਾਬ ਸਰਕਾਰ ਨੂੰ ਇਹ ਵੀ ਅਪੀਲ ਕਰਦਾ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਘੰਟਾ ਘਰ ਪ੍ਰਵੇਸ਼ ਦੁਆਰ ਵਾਲੇ ਪਾਸੇ ਪਹਿਲਾਂ ਬਣੇ ਵਿਰਾਸਤੀ ਮਾਰਗ ਦੀ ਸਾਂਭ-ਸੰਭਾਲ ਵੱਲ ਵੀ ਉਚੇਚਾ ਧਿਆਨ ਦਿੱਤਾ ਜਾਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20145

ਮਿਤੀ 16-4-2022

ਉਤਾਰਾ:
1. ਮੁੱਖ ਮੰਤਰੀ ਜੀ, ਪੰਜਾਬ ਸਰਕਾਰ, ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ।
2. ਕਮਿਸ਼ਨਰ ਜੀ, ਨਗਰ ਨਿਗਮ, ਸ੍ਰੀ ਅੰਮ੍ਰਿਤਸਰ ਸਾਹਿਬ
3. ਡਿਪਟੀ ਕਮਿਸ਼ਨਰ ਜੀ, ਸ੍ਰੀ ਅੰਮ੍ਰਿਤਸਰ ਸਾਹਿਬ
4. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਇੰਚਾਰਜ ਜੀ ਗੁਰਦੁਆਰਾ ਗਜ਼ਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
7. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਖਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹਿ॥

ਟੈਲੀਫੋਨ 2553957
2553958
2553959

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੭ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਖੁੱਲ੍ਹੇ ਲਾਂਘੇ ਰਾਹੀਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਲਈ ਪਾਸਪੋਰਟ ਦੀ ਸ਼ਰਤ ਖ਼ਤਮ ਕਰਨ ਅਤੇ ਦਰਸ਼ਨਾਂ ਲਈ ਪ੍ਰਕਿਰਿਆ ਸੌਖੀ ਕਰਨ ਦੀ ਭਾਰਤ ਸਰਕਾਰ ਨੂੰ ਪੁਰਜ਼ੋਰ ਅਪੀਲ ਕਰਦਾ ਹੈ।

ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਸੰਗਤ ਲਈ ਆਸਥਾ ਦਾ ਮਾਰਗ ਹੈ। ਇਸ ਲਾਂਘੇ ਦੇ ਖੁੱਲ੍ਹਣ ਨਾਲ ਸੰਗਤ ਅੰਦਰ ਭਾਰੀ ਉਤਸ਼ਾਹ ਪਾਇਆ ਗਿਆ, ਪਰੰਤੂ ਗੁੰਝਲਦਾਰ ਪ੍ਰਕਿਰਿਆ ਹੋਣ ਕਾਰਨ ਬਹੁਤ ਸਾਰੀਆਂ ਸੰਗਤਾਂ ਪਾਵਨ ਅਸਥਾਨ ਦੇ ਦਰਸ਼ਨ ਕਰਨ ਤੋਂ ਵਾਂਝੀਆਂ ਰਹਿ ਰਹੀਆਂ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਭਾਰਤ ਸਰਕਾਰ ਨੂੰ ਅਪੀਲ ਕਰਦਾ ਹੈ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਵਿਖੇ ਜਾਣ ਵਾਲੇ ਸ਼ਰਧਾਲੂਆਂ ਲਈ ਪਾਸਪੋਰਟ ਦੀ ਸ਼ਰਤ ਤੁਰੰਤ ਖ਼ਤਮ ਕੀਤੀ ਜਾਵੇ, ਤਾਂ ਜੋ ਇਸ ਲਾਂਘੇ ਰਾਹੀਂ ਹਰ ਗੁਰੂ ਨਾਨਕ ਨਾਮ ਲੇਵਾ ਪਵਿੱਤਰ ਅਸਥਾਨ ਦੇ ਦਰਸ਼ਨ ਕਰ ਸਕੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਇਹ ਜਨਰਲ ਇਜਲਾਸ ਪੰਜਾਬ ਸਰਕਾਰ ਪਾਸੋਂ ਵੀ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਨੂੰ ਸਿੱਖ ਵਿਰਾਸਤੀ ਸ਼ਹਿਰ ਵਜੋਂ ਵਿਕਸਤ ਕਰਨ ਦੀ ਪੁਰਜ਼ੋਰ ਮੰਗ ਕਰਦਾ ਹੈ।

---

ਦਫ਼ਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 30146 ਮਿਤੀ 16-4-2022

ਉਤਾਰਾ:

1. ਗ੍ਰਹਿ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਮੁੱਖ ਮੰਤਰੀ ਜੀ, ਪੰਜਾਬ ਸਰਕਾਰ, ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ।
3. ਡਿਪਟੀ ਕਮਿਸ਼ਨਰ ਜੀ, ਗੁਰਦਾਸਪੁਰ।
4. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਐਡੀ:ਸਕੱਤਰ ਜੀ (          ), ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਇੰਚਾਰਜ ਜੀ ਗੁਰਦੁਆਰਾ ਗਜ਼ਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
7. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਖ਼ਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹਿ॥

ਟੈਲੀਫੋਨ 2553957
2553958
2553959

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੯ ਦੀ ਨਕਲ:-

ਗੁਰਦੁਆਰਾ ਸ੍ਰੀ ਪੰਜਾ ਸਾਹਿਬ ਪਾਕਿਸਤਾਨ ਵਿਖੇ 30 ਅਕਤੂਬਰ 1922 ਨੂੰ ਵਾਪਰਿਆ ਸ਼ਹੀਦੀ ਸਾਕਾ ਸਿੱਖ ਇਤਿਹਾਸ ਦਾ ਬੇਹੱਦ ਮਹੱਤਵਪੂਰਨ ਪੰਨਾ ਹੈ। ਇਸ ਸਾਕੇ ਨੂੰ ਵਾਪਰਿਆਂ 100 ਸਾਲ ਦਾ ਸਮਾਂ ਹੋ ਰਿਹਾ ਹੈ। ਖ਼ਾਲਸਾ ਪੰਥ ਇਸ ਸਾਕੇ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ ਇਸ ਦੀ ਪਹਿਲੀ ਸ਼ਤਾਬਦੀ ਪੰਥਕ ਰਵਾਇਤਾਂ ਅਨੁਸਾਰ ਮਨਾਵੇਗਾ। ਇਹ ਸਾਕਾ ਕਿਉਂਕਿ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਪਾਕਿਸਤਾਨ ਵਿਖੇ ਵਾਪਰਿਆ ਸੀ, ਜਿਸ ਕਰਕੇ ਭਾਰਤ ਦੇ ਨਾਲ-ਨਾਲ ਪਾਕਿਸਤਾਨ ਵਿਖੇ ਵੀ ਸ਼ਤਾਬਦੀ ਸਮਾਗਮ ਕਰਵਾਏ ਜਾਣੇ ਲਾਜ਼ਮੀ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਭਾਰਤ ਸਰਕਾਰ ਅਤੇ ਪਾਕਿਸਤਨ ਦੀਆਂ ਸਰਕਾਰਾਂ ਤੋਂ ਪੁਰਜ਼ੋਰ ਮੰਗ ਕਰਦਾ ਹੈ ਕਿ 30 ਅਕਤੂਬਰ 2022 ਨੂੰ ਸਾਕਾ ਸ੍ਰੀ ਪੰਜਾ ਸਾਹਿਬ ਦੀ 100 ਸਾਲਾ ਸ਼ਤਾਬਦੀ ਮਨਾਉਣ ਮੌਕੇ ਪਾਕਿਸਤਾਨ ਵਿਖੇ ਕੀਤੇ ਜਾਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਲਈ ਭਾਰਤ ਤੋਂ ਜਾਣ ਵਾਲੇ ਸ਼ਰਧਾਲੂਆਂ ਨੂੰ ਵੱਧ ਤੋਂ ਵੱਧ ਵੀਜ਼ਾ ਜਾਰੀ ਕੀਤੇ ਜਾਣ, ਤਾਂ ਜੋ ਵੱਧ ਤੋਂ ਵੱਧ ਸੰਗਤਾਂ ਇਨ੍ਹਾਂ ਇਤਿਹਾਸਕ ਸਮਾਗਮਾਂ ਦਾ ਹਿੱਸਾ ਬਣ ਸਕਣ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20147

ਮਿਤੀ 16-4-2022

ਉਤਾਰਾ:-

1. ਵਿਦੇਸ਼ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿਲੀ।
2. ਮੁੱਖ ਮੰਤਰੀ ਜੀ, ਪੰਜਾਬ ਸਰਕਾਰ, ਚੰਡੀਗੜ੍ਹ।
3. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਐਡੀ:ਸਕੱਤਰ ਜੀ (          ), ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਖਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੧੯ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਜਨਰਲ ਇਜਲਾਸ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਖਿਲਾਫ ਕੀਤੇ ਜਾਂਦੇ ਕੂੜ ਪ੍ਰਚਾਰ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਾ ਹੈ। ਪਿਛਲੇ ਕੁਝ ਦਿਨਾਂ ਤੋਂ ਇਹ ਵੇਖਣ ਵਿਚ ਆਇਆ ਹੈ ਕਿ ਕੁਝ ਲੋਕ ਤੱਥ ਰਹਿਤ ਖ਼ਿਆਲਬਾਜ਼ੀ ਕਰਕੇ ਸਿੱਖ ਸੰਸਥਾ ਦੇ ਅਕਸ ਨੂੰ ਢਾਹ ਲਗਾ ਰਹੇ ਹਨ। ਇਨ੍ਹਾਂ ਲੋਕਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚਲਦੇ ਟਰੱਸਟਾਂ ਨੂੰ ਰਾਜਸੀ ਪ੍ਰਭਾਵ ਹੇਠ ਦੱਸ ਕੇ ਸੰਗਤ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਜਨਰਲ ਇਜਲਾਸ ਸਪੱਸ਼ਟ ਕਰਦਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠਲੇ ਚਲਦੇ ਸਾਰੇ ਟਰੱਸਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਾਇਦਾਦ ਹਨ। ਇਨ੍ਹਾਂ ਟਰੱਸਟਾਂ ਦੇ ਪ੍ਰਧਾਨ ਵਜੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਕਾਰਜਸ਼ੀਲ ਹੁੰਦਾ ਹੈ ਅਤੇ ਸਕੱਤਰ ਪ੍ਰਬੰਧਕ ਵਜੋਂ ਸੇਵਾਵਾਂ ਨਿਭਾਉਂਦੇ ਹਨ। ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ, ਸ੍ਰੀ ਅੰਮ੍ਰਿਤਸਰ, ਬਾਬਾ ਬੰਦਾ ਸਿੰਘ ਬਹਾਦਰ ਐਜੂਕੇਸ਼ਨ ਟਰੱਸਟ, ਸ੍ਰੀ ਫ਼ਤਹਿਗੜ੍ਹ ਸਾਹਿਬ, ਮੀਰੀ ਪੀਰੀ ਇੰਸਟੀਚਿਊਟ ਆਫ ਮੈਡੀਕਲ ਸਾਇੰਸਜ਼ ਐਂਡ ਰੀਸਰਚ,ਟਰੱਸਟ ਸ਼ਾਹਬਾਦ ਮਾਰਕੰਡਾ ਹਰਿਆਣਾ, ਸ੍ਰੀ ਗੁਰੂ ਗ੍ਰੰਥ ਸਾਹਿਬ 400 ਸਾਲਾ ਮੈਮੋਰੀਅਲ ਟਰੱਸਟ, ਸ੍ਰੀ ਫ਼ਤਹਿਗੜ੍ਹ ਸਾਹਿਬ ਅਤੇ ਸ੍ਰੀ ਨਨਕਾਣਾ ਸਾਹਿਬ ਐਜੂਕੇਸ਼ਨ ਟਰੱਸਟ ਲੁਧਿਆਣਾ ਆਦਿ ਦੀਆਂ ਸੇਵਾਵਾਂ ਬੇਮਿਸਾਲ ਹਨ। ਮੈਡੀਕਲ ਅਤੇ ਇੰਜੀਅਰਿੰਗ ਦੀ ਪੜ੍ਹਾਈ ਦੇ ਖੇਤਰ ਵਿਚ ਇਨ੍ਹਾਂ ਟਰੱਸਟਾਂ ਨੇ ਬੁਲੰਦੀਆਂ ਹਾਸਲ ਕੀਤੀਆਂ ਹਨ ਅਤੇ ਬੇਅੰਤ ਵਿਦਿਆਰਥੀਆਂ ਦੇ ਭਵਿੱਖ ਨੂੰ ਰੌਸ਼ਨ ਕੀਤਾ ਹੈ। ਸੰਸਥਾਵਾਂ ਦੇ ਪ੍ਰਬੰਧ ਨੂੰ ਸੁਚਾਰੂ ਬਨਾਉਣ ਲਈ ਇਨ੍ਹਾਂ ਟਰੱਸਟਾਂ ਦੀ ਸਥਾਪਨਾ ਬਿਲਕੁਲ ਪਾਰਦਰਸ਼ੀ ਹੈ ਅਤੇ ਇਨ੍ਹਾਂ ਟਰੱਸਟਾਂ ਵਿਰੁੱਧ ਕੀਤਾ ਜਾਂਦਾ ਪ੍ਰਚਾਰ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਤੋਂ ਇਲਾਵਾ ਧਰਮ ਪ੍ਰਚਾਰ, ਸਿਹਤ ਅਤੇ ਸਿੱਖਿਆ ਸੇਵਾਵਾਂ ਲਈ ਮੋਹਰੀ ਭੂਮਿਕਾ ਨਿਭਾਅ ਰਹੀ ਹੈ ਅਤੇ ਨਿਭਾਉਂਦੀ ਰਹੇਗੀ। ਅੱਜ ਦਾ ਜਨਰਲ ਇਜਲਾਸ ਸੰਗਤਾਂ ਨੂੰ ਸੁਚੇਤ ਕਰਦਾ ਹੈ ਕਿ ਪੰਥਕ ਸੰਸਥਾਵਾਂ ਨੂੰ ਕਮਜ਼ੋਰ ਕਰਨ ਲਈ ਕਾਰਜਸ਼ੀਲ ਲੋਕਾਂ ਤੋਂ ਸੁਚੇਤ ਰਹਿਣ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20141

ਮਿਤੀ 16-4 -2022

ਉਤਾਰਾ:-
1. ੳ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਖਾਸ ਧਿਆਨ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

☬ E-mail:
info@sgpc.net

੧ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959 ☬

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੨੦ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਜਨਰਲ ਇਜਲਾਸ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਅੰਦਰ ਪਿਛਲੇ ਕਰੀਬ ਤਿੰਨ ਦਹਾਕਿਆਂ ਤੋਂ ਕਾਲ-ਕੋਠੜੀਆਂ ਵਿਚ ਬੰਦ ਸਿੰਘਾਂ ਦੀ ਰਿਹਾਈ ਦੀ ਭਾਰਤ ਸਰਕਾਰ ਪਾਸੋਂ ਪੁਰਜ਼ੋਰ ਮੰਗ ਕਰਦਾ ਹੈ। ਦੁੱਖ ਦੀ ਗੱਲ ਹੈ ਕਿ ਬਹੁਤੇ ਬੰਦੀ ਸਿੰਘਾਂ ਨੂੰ ਤਾਂ ਕਰੀਬ 30-30 ਸਾਲ ਪੈਰੋਲ ਦੇ ਸੰਵਿਧਾਨਕ ਹੱਕ ਤੋਂ ਵੀ ਵਾਂਝਿਆਂ ਰੱਖਿਆ ਗਿਆ ਹੈ। ਇਸ ਦੇ ਉਲਟ ਸੰਗੀਨ ਦੋਸ਼ਾਂ ਦਾ ਸਾਹਮਣਾ ਕਰ ਰਹੇ ਡੇਰਾ ਸਿਰਸਾ ਮੁਖੀ ਅਤੇ ਦਿੱਲੀ ਸਿਖ ਕਤਲੇਆਮ ਦੇ ਦੋਸ਼ੀ ਕਿਸ਼ੋਰੀ ਲਾਲ ਅਤੇ ਹੋਰਾਂ ਨੂੰ ਫਰਲੋ ਦੇ ਕੇ ਸਿੱਖਾਂ ਨੂੰ ਚਿੜਾਇਆ ਜਾ ਰਿਹਾ ਹੈ। ਭਾਰਤ ਨੂੰ 80 ਫੀਸਦੀ ਤੋਂ ਵੱਧ ਕੁਰਬਾਨੀਆਂ ਦੇ ਕੇ ਅਜ਼ਾਦ ਕਰਵਾਉਣ ਅਤੇ ਇਸ ਦੇ ਸੱਭਿਆਚਾਰ ਨੂੰ ਬਚਾਉਣ ਵਾਲੇ ਸਿੱਖਾਂ ਨਾਲ ਸਮੇਂ ਸਮੇਂ 'ਤੇ ਧੱਕਾ ਬਰਦਾਸ਼ਤਯੋਗ ਨਹੀਂ ਹੈ।

ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਬਲਵੰਤ ਸਿੰਘ ਰਾਜੋਆਣਾ ਸਮੇਤ ਅਨੇਕਾਂ ਬੰਦੀ ਸਿੱਖ ਆਪਣੀ ਉਮਰ ਦੇ ਸੁਨਹਿਰੀ ਦਿਨ ਜੇਲ੍ਹਾਂ ਵਿਚ ਕੱਟ ਚੁੱਕੇ ਹਨ। ਸਿੱਖ ਬੰਦੀਆਂ ਨੂੰ ਰਿਹਾਅ ਕਰਨ ਲਈ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਐਲਾਨ ਤਾਂ ਕੀਤਾ ਗਿਆ ਸੀ, ਪਰ ਇਸ 'ਤੇ ਅਮਲ ਨਹੀਂ ਹੋਇਆ। ਦਿੱਲੀ ਦੀ ਕੇਜਰੀਵਾਲ ਸਰਕਾਰ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਨੂੰ ਰਿਹਾਅ ਕਰਨ ਵਿਚ ਤਿੰਨ ਵਾਰ ਰੱਖੀਆਂ ਮੀਟਿੰਗਾਂ ਦੌਰਾਨ ਰਿਹਾਈ ਰੱਦ ਕਰਕੇ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰ ਰਹੀ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਭਾਰਤ ਸਰਕਾਰ ਪਾਸੋਂ ਪੁਰਜ਼ੋਰ ਮੰਗ ਕਰਦਾ ਹੈ ਕਿ ਪਿਛਲੇ ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿਚ ਬੰਦ ਸਿੱਖ ਕੈਦੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੩੦/੫੪

ਮਿਤੀ 16-5-2022

ਉਤਾਰਾ:-

1. ਗ੍ਰਹਿ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਮੁੱਖ ਮੰਤਰੀ ਜੀ, ਪੰਜਾਬ ਸਰਕਾਰ, ਚੰਡੀਗੜ੍ਹ।
3. ਓ:ਐਸ:ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
**ਸਕੱਤਰ,**
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹਿ॥

ਟੈਲੀਫੋਨ 2553957
2553958
2553959

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੨੧ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਚੰਡੀਗੜ੍ਹ ਦੇ ਮੁਲਾਜ਼ਮਾਂ ਨੂੰ ਕੇਂਦਰ ਸਰਕਾਰ ਅਧੀਨ ਕਰਨ ਵਾਲੇ ਫ਼ੈਸਲੇ ਦੀ ਕਰੜੀ ਨਿੰਦਾ ਕਰਦਾ ਹੈ। ਚੰਡੀਗੜ੍ਹ ਪੰਜਾਬ ਦੇ ਪਿੰਡਾਂ ਦੀ ਕੀਮਤੀ ਜ਼ਮੀਨ 'ਤੇ ਵੱਸਿਆ ਹੋਇਆ ਹੈ, ਜਿਸ 'ਤੇ ਪੰਜਾਬ ਦਾ ਹੀ ਹੱਕ ਹੈ। ਕੇਂਦਰ ਸਰਕਾਰ ਵੱਲੋਂ ਪੰਜਾਬ ਪੁਨਰਗਠਨ ਐਕਟ 1966 ਦੀ ਉਲੰਘਣਾ ਕਰਕੇ ਚੰਡੀਗੜ੍ਹ ਪ੍ਰਸ਼ਾਸਨ ਦੇ ਮੁਲਾਜ਼ਮਾਂ ਦੀਆਂ ਸੇਵਾ ਸ਼ਰਤਾਂ ਕੇਂਦਰੀ ਨਿਯਮਾਂ ਅਨੁਸਾਰ ਕਰਨਾ ਪੰਜਾਬ ਨਾਲ ਵੱਡਾ ਧੱਕਾ ਹੈ। ਇਸ ਨਾਲ ਪੰਜਾਬ ਤੋਂ ਬਾਹਰਲੇ ਅਫ਼ਸਰ ਚੰਡੀਗੜ੍ਹ 'ਤੇ ਥੋਪਣ ਲਈ ਰਾਹ ਪੱਧਰਾ ਕੀਤਾ ਜਾ ਰਿਹਾ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਇਸ ਤੋਂ ਪਹਿਲਾਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਲਾਜ਼ਮੀ ਨੁਮਾਇੰਦਗੀ ਨੂੰ ਖ਼ਤਮ ਕਰਕੇ ਵੀ ਕੇਂਦਰ ਸਰਕਾਰ ਨੇ ਪੰਜਾਬ ਨਾਲ ਵਿਤਕਰਾ ਕੀਤਾ ਹੈ। ਪੰਜਾਬ ਦੇ ਪਾਣੀ ਪਹਿਲਾਂ ਹੀ ਖੋਹੇ ਜਾ ਚੁੱਕੇ ਹਨ ਅਤੇ ਹੁਣ ਦਰਿਆਵਾਂ 'ਤੇ ਬਣੇ ਬਿਜਲੀ ਪਲਾਂਟ ਵੀ ਹਥਿਆਉਣ ਦਾ ਯਤਨ ਕੀਤਾ ਜਾ ਰਿਹਾ ਹੈ। ਇਹ ਵਿਤਕਰਾ ਕਿਸੇ ਤਰ੍ਹਾਂ ਵੀ ਜਾਇਜ਼ ਨਹੀਂ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਇਹ ਜਨਰਲ ਇਜਲਾਸ ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਕੀਤੇ ਜਾ ਰਹੇ ਵਿਤਕਰਿਆ ਦੀ ਕਰੜੀ ਆਲੋਚਨਾ ਕਰਦਾ ਹੋਇਆ ਪੰਜਾਬ ਦੇ ਹੱਕਾਂ ਹਿੱਤਾਂ ਨਾਲ ਖੜ੍ਹਨ ਦੀ ਵਚਨਬੱਧਤਾ ਪ੍ਰਗਟਾਉਂਦਾ ਹੈ। ਜਨਰਲ ਇਜਲਾਸ ਕੇਂਦਰ ਸਰਕਾਰ ਨੂੰ ਅਪੀਲ ਕਰਦਾ ਹੈ ਕਿ ਉਹ ਆਪਣੇ ਅਜਿਹੇ ਤਾਨਾਸ਼ਾਹੀ ਫ਼ੈਸਲਿਆਂ 'ਤੇ ਰੋਕ ਲਗਾਏ ਅਤੇ ਪੰਜਾਬ ਨੂੰ ਦਬਾਉਣ ਵਾਲੀਆਂ ਨੀਤੀਆਂ ਬੰਦ ਕਰੇ।

---

ਦਫ਼ਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੦/੫੧ ਮਿਤੀ 18-4 -2022

ਉਤਾਰਾ:-
1. ਗ੍ਰਹਿ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿਲੀ।
2. ਮੁੱਖ ਮੰਤਰੀ ਜੀ, ਪੰਜਾਬ ਸਰਕਾਰ,
3. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਧਿਆਨ ਹਿਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥ ਟੈਲੀਫੋਨ 2553957 2553958 2553959

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੨੨ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਭਾਰਤ ਸਰਕਾਰ ਪਾਸੋਂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਗਿਆਨ ਗੋਦੜੀ ਹਰਿ ਕੀ ਪਾਉੜੀ ਹਰਿਦੁਆਰ (ਉਤਰਾਂਚਲ), ਗੁਰਦੁਆਰਾ ਡਾਂਗਮਾਰ ਤੇ ਚੁੰਗਥਾਂਗ (ਸਿੱਕਮ), ਗੁਰਦੁਆਰਾ ਬਾਵਲੀ ਮੱਠ, ਮੰਗੂ ਮੱਠ ਤੇ ਪੰਜਾਬੀ ਮੱਠ ਜਗਨਨਾਥਪੁਰੀ (ਉੜੀਸਾ) ਦੇ ਲੰਮੇ ਸਮੇਂ ਤੋਂ ਅਟਕੇ ਮਸਲੇ ਹੱਲ ਕਰਨ ਦੀ ਮੰਗ ਕਰਦਾ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਨ੍ਹਾਂ ਇਤਿਹਾਸਕ ਅਸਥਾਨਾਂ ਦੇ ਮਾਮਲਿਆਂ ਦਾ ਸਰਲੀਕਰਨ ਲੰਮੇ ਅਰਸੇ ਤੋਂ ਮੰਗਿਆ ਜਾ ਰਿਹਾ ਹੈ, ਪਰੰਤੂ ਅਫ਼ਸੋਸ ਹੈ ਕਿ ਪਹਿਲੇ ਪਾਤਸ਼ਾਹ ਨਾਲ ਸਬੰਧਤ ਇਨ੍ਹਾਂ ਅਸਥਾਨਾਂ ਦੀ ਸੇਵਾ-ਸੰਭਾਲ ਅਤੇ ਲੋੜੀਂਦੇ ਸੇਵਾ ਕਾਰਜਾਂ ਦਾ ਪੰਥ ਨੂੰ ਮੌਕਾ ਨਹੀਂ ਦਿੱਤਾ ਜਾ ਰਿਹਾ। ਹਰਿਦੁਆਰ ਵਿਖੇ ਗੁਰਦੁਆਰਾ ਹਰਿ ਕੀ ਪਉੜੀ ਦੀ ਮੁੜ ਸਥਾਪਨਾ ਦਾ ਮਾਮਲਾ ਵੀ ਹੁਣ ਤੱਕ ਹੱਲ ਨਹੀਂ ਕੀਤਾ ਗਿਆ। ਇਸ ਨਾਲ ਸੰਗਤ ਅੰਦਰ ਰੋਸ ਦੀ ਭਾਵਨਾ ਬਣੀ ਹੋਈ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਭਾਰਤ ਸਰਕਾਰ ਨੂੰ ਪੁਰਜ਼ੋਰ ਅਪੀਲ ਕਰਦਾ ਹੈ ਕਿ ਸਿੱਖਾਂ ਦੇ ਇਨ੍ਹਾਂ ਪਾਵਨ ਅਸਥਾਨਾਂ ਦੀ ਸੇਵਾ ਸੰਭਾਲ ਦੇ ਨਾਲ-ਨਾਲ ਲੰਮੇ ਸਮੇਂ ਤੋਂ ਲਟਕਦੇ ਆ ਰਹੇ ਮਾਮਲਿਆਂ ਦਾ ਹੱਲ ਕਰਨ ਲਈ ਸੰਜੀਦਗੀ ਦਿਖਾਏ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20150

ਮਿਤੀ 16-4-2022

ਉਤਾਰਾ:
1. ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਗ੍ਰਹਿ ਮੰਤਰੀ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੨੩ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਜਿਥੇ ਮਿਆਰੀ ਅਤੇ ਸਸਤੀ ਵਿਦਿਆ ਦਾ ਪ੍ਰਬੰਧ ਕਰਨ ਲਈ ਵਚਨਬਧ ਹੈ, ਉਥੇ ਹੀ ਅੰਮ੍ਰਿਤਧਾਰੀ ਸਿੱਖ ਵਿਦਿਆਰਥੀਆਂ ਨੂੰ ਵਿਦਿਆ ਦੇ ਖੇਤਰ ਵਿਚ ਹੋਰ ਬੁਲੰਦੀਆਂ ਤੱਕ ਪਹੁੰਚਾਉਣ ਲਈ ਸਾਲਾਨਾ ਵਜ਼ੀਫ਼ਾ ਰਾਸ਼ੀ ਦਾ ਵੀ ਪ੍ਰਬੰਧ ਕਰਦੀ ਹੈ। ਇਸ ਦੇ ਨਾਲ ਹੀ ਧਰਮ ਪ੍ਰਚਾਰ ਲਹਿਰ ਤਹਿਤ ਅੰਮ੍ਰਿਤਧਾਰੀ ਗੁਰਸਿੱਖ ਬੱਚੀਆਂ ਨੂੰ ਉਚੇਰੀ ਵਿਦਿਆ ਵਿਚ ਨਿਪੁੰਨ ਕਰਨ ਲਈ ਮੁਫ਼ਤ ਵਿਦਿਆ ਦੇਣ ਦਾ ਵੀ ਉਪਰਾਲਾ ਕਰ ਰਹੀ ਹੈ। ਇਸ ਸਬੰਧ ਵਿਚ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਸਥਿਤ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਵਿਖੇ 200 ਅੰਮ੍ਰਿਤਧਾਰੀ ਗੁਰਸਿੱਖ ਬੱਚੀਆਂ ਨੂੰ ਪਿਛਲੇ ਸਾਲ ਤੋਂ ਮੁਫ਼ਤ ਪੜ੍ਹਾਈ, ਰਿਹਾਇਸ਼ ਅਤੇ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਅੱਜ ਦਾ ਇਹ ਜਨਰਲ ਇਜਲਾਸ ਫੈਸਲਾ ਕਰਦਾ ਹੈ ਕਿ ਅੰਮ੍ਰਿਤਧਾਰੀ ਗੁਰਸਿੱਖ ਬੱਚੀਆਂ ਨੂੰ ਇਸ ਮੁਫ਼ਤ ਵਿਦਿਆ ਦੇ ਪ੍ਰੋਗਰਾਮ ਵਿਚ ਹੋਰ ਵਿਸਥਾਰ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 200 ਅੰਮ੍ਰਿਤਧਾਰੀ ਗੁਰਸਿੱਖ ਬੱਚੀਆਂ ਨੂੰ ਵਿਦਿਆ ਦਿੱਤੀ ਜਾਵੇਗੀ। ਇਸ ਸਬੰਧ ਵਿਚ ਸ਼ਰਤਾਂ ਮਾਤਾ ਸਾਹਿਬ ਗਰਲਜ਼ ਕਾਲਜ ਤਲਵੰਡੀ ਸਾਬੋ ਵਾਲੀਆਂ ਹੀ ਹੋਣਗੀਆਂ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20151 ਮਿਤੀ [illegible]-੫-2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ ( ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਵਾਈਸ ਚਾਂਸਲਰ ਜੀ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ।
4. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਲੇਖਾਕਾਰ ਜੀ, ਧਰਮ ਪ੍ਰਚਾਰ ਕਮੇਟੀ।

-ਖਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫਤਹਿ॥

ਟੈਲੀਫੋਨ 2553957
2553958
2553959

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੧੭ ਚੇਤ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੩੦-੦੩-੨੦੨੨) ਦੇ ਮਤਾ ਨੰਬਰ ੨੪ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਇਤਿਹਾਸਕ ਗੁਰਦੁਆਰਾ ਸਾਹਿਬਾਨ ਦਾ ਪੰਥਕ ਮਰਯਾਦਾ ਅਨੁਸਾਰ ਪ੍ਰਬੰਧ ਚਲਾਉਣ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿਚ ਉਪਰਾਲੇ ਕਰਨ ਦੇ ਨਾਲ-ਨਾਲ ਲੋਕ ਭਲਾਈ ਦੇ ਕਾਰਜ ਵੀ ਕਰ ਰਹੀ ਹੈ। ਇਸ ਮਾਨਵ ਭਲਾਈ ਕਾਰਜਾਂ ਨੂੰ ਹੋਰ ਅੱਗੇ ਵਧਾਉਂਦਿਆਂ ਅੱਜ ਦਾ ਇਹ ਜਨਰਲ ਇਜਲਾਸ ਫੈਸਲਾ ਕਰਦਾ ਹੈ ਕਿ ਖ਼ਾਲਸਾ ਪੰਥ ਦੇ ਤਿੰਨ ਤਖ਼ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਅਤੇ ਇਸ ਦੇ ਨਾਲ ਹੀ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਠੱਠਾ (ਤਰਨ ਤਾਰਨ) ਵਿਖੇ ਚਾਰ ਮੈਡੀਕਲ ਸਟੋਰ ਖੋਲ੍ਹੇ ਜਾਣਗੇ। ਇਨ੍ਹਾਂ ਦਾ ਮੰਤਵ ਲੋੜਵੰਦਾਂ ਤੱਕ ਸਸਤੀਆਂ ਦਵਾਈਆਂ ਪਹੁੰਚਾਉਣਾ ਹੈ। ਇਨ੍ਹਾਂ ਮੈਡੀਕਲ ਸਟੋਰਾਂ 'ਤੇ ਲਾਗਤ ਕੀਮਤ 'ਤੇ ਦਵਾਈਆਂ ਦਾ ਪ੍ਰਬੰਧ ਕੀਤਾ ਜਾਵੇਗਾ ਅਤੇ ਲੋੜ ਪੈਣ 'ਤੇ ਇਸ ਦਾ ਹੋਰ ਵਿਸਥਾਰ ਵੀ ਕੀਤਾ ਜਾਵੇਗਾ। ਇਸ ਸਬੰਧੀ ਖਰਚੇ ਭਾਈਚਾਰਕ ਸੁਧਾਰ ਫੰਡ ਵਿੱਚੋਂ ਕੀਤੇ ਜਾਣਗੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20152

ਮਿਤੀ 16-4-2022

ਉਤਾਰਾ:-
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਐਡੀ:ਸਕੱਤਰ ਜੀ (                ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਮੈਨੇਜਰ ਜੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।
4. ਇੰਚਾਰਜ ਜੀ ਗੁਰਦੁਆਰਾ ਗਜ਼ਟ,ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।
6. ਇੰਚਾਰਜ ਜੀ (ਸੈਕਸ਼ਨ-85), ਸ਼੍ਰੋਮਣੀ ਗੁ:ਪ੍ਰ:ਕਮੇਟੀ।
7. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।
8. ਮੈਨੇਜਰ ਜੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ।॥
9. ਮੈਨੇਜਰ ਜੀ, ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ)
10. ਮੈਨੇਜਰ ਜੀ, ਗੁ: ਬੀੜ ਬਾਬਾ ਬੁੱਢਾ ਸਾਹਿਬ,ਠੱਠਾ (ਤਰਨ ਤਾਰਨ)।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਮਹਿੰਦਰ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਸ੍ਰੀ ਅੰਮ੍ਰਿਤਸਰ ਸਾਹਿਬ।